# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :24-05-2026**

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 87 ਖਿਡਾਰੀਆਂ ਨੂੰ 'ਮਹਾਰਾਜਾ ਰਣਜੀਤ ਸਿੰਘ ਪੁਰਸਕਾਰ' ਨਾਲ ਸਨਮਾਨਿਤ ਕੀਤਾ - 32 ਕਰੋੜ ਰੁਪਏ ਤੋਂ ਵੱਧ ਦੀ ਨਗਦ ਇਨਾਮ ਰਾਸ਼ੀ ਦੇ ਚੈੱਕ ਸੌਂਪੇ I
- ਪੰਜਾਬ ਸਰਕਾਰ ਵਲੋਂ ਸਾਲ 2025-26 ਵਿੱਚ ਪਾਣੀ ਬਚਾਉਣ ਵਾਲੀ ਤਕਨੀਕ ਅਪਣਾਉਣ ਵਾਲੇ ਕਿਸਾਨਾਂ ਨੂੰ 35 ਕਰੋੜ 38 ਲੱਖ ਰੁਪਏ ਜਾਰੀ I
- ਪੰਜਾਬ ਸਰਕਾਰ ਵਲੋਂ ਆਉਂਦੇ ਝੋਨੇ ਦੇ ਸੀਜ਼ਨ ਤੋਂ ਪਹਿਲਾਂ, ਕਿਸਾਨਾਂ ਲਈ ਬਿਜਲੀ ਸਬੰਧੀ ਸਾਰੇ ਪ੍ਰਬੰਧ ਮੁਕੰਮਲ I
- ਸੀਮਾ ਸੁਰੱਖਿਆ ਬਲ ਦੇ ਜਲੰਧਰ ਸਥਿਤ ਪੰਜਾਬ ਫਰੰਟੀਅਰ ਹੈੱਡਕੁਆਰਟਰ ਵਲੋਂ ਅੱਜ ਫਿਟ ਇੰਡੀਆ "ਸਾਈਡ ਔਨ ਸਾਈਕਲ" ਮੁਹਿੰਮ ਵਜੋਂ ਇੱਕ ਸਾਈਕਲ ਰੈਲੀ ਦਾ ਆਯੋਜਨ ।

- ਫਿਰੋਜ਼ਪੁਰ ਕਾਊਂਟਰ ਇੰਟੈਲੀਜੈਂਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ, 4 ਮੁਲਜ਼ਮਾਂ ਨੂੰ 28 ਕਿੱਲੋ ਤੋਂ ਵੱਧ ਹੈਰੋਇਨ ਅਤੇ ਸਾਢੇ 9 ਲੱਖ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ। ਅਤੇ
- -IPL ਕ੍ਰਿਕਟ ਵਿੱਚ ਅੱਜ ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ, ਦਿੱਲੀ ਕੈਪੀਟਲਜ਼ ਨਾਲ ਸ਼ਾਮੀ ਸਾਢੇ 7 ਵਜੇ ਹੋਵੇਗਾ

---------------------------------------------------------------------------------

ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਦੇ ਮਕਸਦ ਨਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅੱਜ ਸੂਬੇ ਦਾ ਨਾਮ ਦੁਨੀਆਂ ਭਰ ਵਿੱਚ ਰੋਸ਼ਨ ਕਰਨ ਵਾਲੇ 87 ਨਾਮੀ ਖਿਡਾਰੀਆਂ ਨੂੰ ਵੱਕਾਰੀ 'ਮਹਾਰਾਜਾ ਰਣਜੀਤ ਸਿੰਘ ਪੁਰਸਕਾਰ ' ਨਾਲ ਨਵਾਜ਼ਿਆ ਗਿਆ। ਚੰਡੀਗੜ੍ਹ ਮਿਉਂਸਿਪਲ ਭਵਨ ਵਿਖੇ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਮੁੱਖ ਮੰਤਰੀ ਨੇ ਖਿਡਾਰੀਆਂ ਨੂੰ ਸਨਮਾਨਿਤ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਵਜੋਂ 32 ਕਰੋੜ ਰੁਪਏ ਤੋਂ ਵੱਧ ਦੀ ਇਨਾਮੀ ਰਾਸ਼ੀ ਦੇ ਚੈੱਕ ਵੀ ਸੌਂਪੇ। ਮੁੱਖ ਮੰਤਰੀ ਨੇ ਸਾਲ 2026-27 ਲਈ 1,763 ਕਰੋੜ ਰੁਪਏ ਦੇ ਖੇਡ ਬਜਟ ਅਤੇ ਜ਼ਮੀਨੀ ਪੱਧਰ 'ਤੇ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ 1,300 ਕਰੋੜ ਰੁਪਏ ਦੀ ਲਾਗਤ ਨਾਲ 3 ਹਜ਼ਾਰ 148 ਪੇਂਡੂ ਖੇਡ ਮੈਦਾਨ ਵਿਕਸਤ ਕਰਨ ਦਾ ਐਲਾਨ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ । BYTE:RNU240526

ਸਮਾਗਮ ਦੌਰਾਨ ਭਾਰਤੀ ਹਾਕੀ ਟੀਮ ਅਤੇ ਮਹਿਲਾ ਕ੍ਰਿਕਟ ਟੀਮ ਵਿੱਚ ਸ਼ਾਮਲ ਪੰਜਾਬ ਦੇ ਸਿਤਾਰਿਆਂ ਨੂੰ ਉਚੇਚੇ ਤੌਰ 'ਤੇ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ, ਹਰਲੀਨ ਦਿਓਲ ਅਤੇ ਅਮਨਜੋਤ ਕੌਰ ਨੂੰ ਵਿਸ਼ਵ ਕੱਪ ਜਿੱਤ ਲਈ ਡੇਢ-ਡੇਢ ਕਰੋੜ ਰੁਪਏ ਨਾਲ ਸਨਮਾਨਿਤ ਕੀਤਾ । ਇਸ ਨ ਮੌਕੇ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ ਨੇ ਕਿਹਾ । BYTE:RNU240526

ਇਸ ਤੋਂ ਇਲਾਵਾ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚੋਂ ਤਮਗੇ ਜਿੱਤ ਕੇ ਸੂਬੇ ਦਾ ਮਾਣ ਵਧਾਉਣ ਵਾਲੇ ਹੋਰਨਾਂ ਖਿਡਾਰੀਆਂ ਨੂੰ ਵੀ ਵੱਡੀਆਂ ਨਗਦ ਰਾਸ਼ੀ ਦਿੱਤੀ ਗਈ ।

---------------------------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਐਲਾਨ ਕੀਤਾ ਕਿ ਸੂਬੇ ਨੇ ਸਾਲ 2026-27 ਦੇ ਸਾਉਣੀ ਸੀਜ਼ਨ ਦੌਰਾਨ 5 ਲੱਖ ਏਕੜ ਰਕਬੇ ਨੂੰ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਅਧੀਨ ਲਿਆਉਣ ਦਾ ਟੀਚਾ ਮਿਥਿਆ ਏ ਅਤੇ ਇਸ ਮਕਸਦ ਲਈ 40 ਕਰੋੜ ਰੁਪਏ ਦੇ ਬਜਟ ਦਾ ਪ੍ਰਬੰਧ ਵੀ ਕੀਤਾ ਗਿਆ

ਏ ।ਪਾਣੀ ਬਚਾਉਣ ਵਾਲੀ ਡੀ.ਐਸ.ਆਰ. ਯੋਜਨਾ ਬਾਰੇ ਵੇਰਵੇ ਸਾਂਝੇ ਕਰਦਿਆਂ ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਸਾਲ 2025 ਦੇ ਸਾਉਣੀ ਸੀਜ਼ਨ ਦੌਰਾਨ 23,410 ਕਿਸਾਨਾਂ ਨੇ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਅਪਣਾਈ, ਜਿਸ ਤਹਿਤ 2 ਲਖ 35 ਹਜ਼ਾਰ ਏਕੜ ਰਕਬਾ ਕਵਰ ਕੀਤਾ ਗਿਆ। ਪੰਜਾਬ ਸਰਕਾਰ ਨੇ ਸਾਰੇ ਯੋਗ ਕਿਸਾਨਾਂ ਨੂੰ 1,500 ਰੁਪਏ ਪ੍ਰਤੀ ਏਕੜ ਦੀ ਦਰ ਨਾਲ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਤੌਰ 'ਤੇ 35. ਕਰੋੜ 38 ਲਖ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਦਿੱਤੀ ਗਈ। ਸੂਬੇ ਦੇ ਕਿਸਾਨਾਂ ਨੂੰ ਪਾਣੀ ਬਚਾਉਣ ਵਾਲੀ ਡੀਐਸਆਰ ਤਕਨੀਕ ਅਪਣਾਉਣ ਅਤੇ ਪ੍ਰੋਤਸਾਹਨ ਰਾਸ਼ੀ ਦਾ ਲਾਭ ਲੈਣ ਲਈ ਜਲਦੀ ਰਜਿਸਟਰੇਸ਼ਨ ਕਰਵਾਉਣ ਦੀ ਅਪੀਲ ਕਰਦਿਆਂ ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਇਸ ਤਕਨੀਕ ਨੂੰ ਅਪਣਾਉਣ ਦੇ ਚਾਹਵਾਨ ਕਿਸਾਨਾਂ ਲਈ ਆਨਲਾਈਨ ਡੀਐਸਆਰ ਰਜਿਸਟ੍ਰੇਸ਼ਨ ਪੋਰਟਲ ਕਾਰਜਸ਼ੀਲ ਏ ।

---

ਪੰਜਾਬ ਦੇ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ PSPCL ਵੱਲੋਂ ਆਉਂਦੇ ਝੋਨੇ ਦੀ ਬਿਜਾਈ ਸੀਜ਼ਨ ਦੌਰਾਨ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਲੋੜੀਂਦੇ ਵਿਆਪਕ ਪ੍ਰਬੰਧ ਕੀਤੇ ਗਏ ਨੇ ।

ਸ੍ਰੀ ਸੌਂਦ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਲਈ ਝੋਨੇ ਦੇ ਸੀਜ਼ਨ ਲਈ ਜਾਰੀ ਕੀਤੇ ਗਏ ਪ੍ਰੋਗਰਾਮ ਅਨੁਸਾਰ 8 ਘੰਟੇ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇਗੀ। ਇਹ ਸਮਾਂ ਸਾਰਣੀ 1 ਜੂਨ ਤੋਂ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨਤਾਰਨ, ਰੂਪਨਗਰ, ਐਸ.ਏ.ਐਸ ਨਗਰ, ਫਤਿਹਗੜ੍ਹ ਸਾਹਿਬ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਅਤੇ 5 ਜੂਨ ਤੋਂ ਫਰੀਦਕੋਟ, ਬਠਿੰਡਾ, ਫਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਜ਼ਿਲ੍ਹਿਆਂ ਵਿਖੇ ਲਾਗੂ ਹੋਵੇਗਾ। ਇਸ ਦੇ ਨਾਲ ਹੀ 9 ਜੂਨ ਤੋਂ ਲੁਧਿਆਣਾ, ਮਲੇਰਕੋਟਲਾ, ਮਾਨਸਾ, ਮੋਗਾ, ਪਟਿਆਲਾ, ਸੰਗਰੂਰ, ਬਰਨਾਲਾ, ਕਪੂਰਥਲਾ, ਜਲੰਧਰ ਅਤੇ ਐਸ.ਬੀ.ਐਸ ਨਗਰ ਜ਼ਿਲ੍ਹਿਆਂ ਵਿੱਚ ਰੋਜ਼ਾਨਾ 8 ਘੰਟੇ ਤੋਂ ਵੱਧ ਬਿਜਲੀ ਮੁਹੱਈਆ ਕਰਵਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਸਾਰੀਆਂ ਜ਼ਰੂਰੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ ।

ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਪੀ.ਐਸ.ਪੀ.ਸੀ.ਐਲ ਸੂਬੇ ਵਿੱਚ ਖੇਤੀਬਾੜੀ ਲਈ ਜਾਰੀ ਹਰੇਕ ਮੋਟਰ ਕੁਨੈਕਸ਼ਨ ਲਈ ਰੋਜ਼ਾਨਾ ਅੱਠ ਘੰਟੇ ਤੋਂ ਵੱਧ ਬਿਜਲੀ ਦੀ ਉਪਲਬਧਤਾ ਯਕੀਨੀ ਬਣਾਏਗਾ ।

ਮੰਤਰੀ ਨੇ ਕਿਹਾ ਕਿ PSPCL ਦੇ ਅਧਿਕਾਰੀਆਂ ਅਤੇ ਤਕਨੀਕੀ ਸਟਾਫ ਦੀਆਂ ਸਮਰਪਿਤ ਟੀਮਾਂ ਤਾਇਨਾਤ ਕੀਤੀਆਂ ਗਈਆਂ ਨੇ ।

ਫੀਲਡ ਅਧਿਕਾਰੀਆਂ ਨੂੰ 24 ਘੰਟੇ ਉਪਲਬਧ ਰਹਿਣ ਅਤੇ ਕਿਸੇ ਵੀ ਤਰ੍ਹਾਂ ਦੀ ਖਰਾਬੀ, ਟ੍ਰਾਂਸਫਾਰਮਰ ਸਬੰਧੀ ਮੁੱਦੇ ਅਤੇ ਹੋਰ ਤਕਨੀਕੀ ਨੁਕਸ ਦਾ ਪਹਿਲ ਦੇ ਆਧਾਰ 'ਤੇ ਤੁਰੰਤ ਹੱਲ ਯਕੀਨੀ ਬਣਾਉਣ ਲਈ ਵਿਸ਼ੇਸ਼ ਨਿਰਦੇਸ਼ ਜਾਰੀ ਕੀਤੇ ਗਏ ਨੇ । ਉਨ੍ਹਾਂ ਕਿਹਾ ਕਿ ਝੋਨੇ ਦੀ ਬਿਜਾਈ ਦੌਰਾਨ ਕਿਸਾਨਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਜਵਾਬ ਦੇਣਾ ਯਕੀਨੀ ਬਣਾਉਣ ਲਈ ਸਮਰਪਿਤ ਕੰਟਰੋਲ ਰੂਮਾਂ ਅਤੇ ਸ਼ਿਕਾਇਤ ਪ੍ਰਬੰਧਨ ਵਿਧੀਆਂ ਨੂੰ ਹੋਰ ਮਜ਼ਬੂਤ ਕੀਤਾ ਗਿਆ ਏ ।

---------------------------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ 26 ਮਈ ਨੂੰ ਹੋਣ ਵਾਲੀਆਂ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਦੇ ਮੱਦੇਨਜ਼ਰ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਗਿਆ ਏ । ਇਸ ਦਿਨ ਚੰਡੀਗੜ੍ਹ ਸਥਿਤ ਪੰਜਾਬ ਦੇ ਸਾਰੇ ਸਰਕਾਰੀ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ, ਵਿਦਿਅਕ ਸੰਸਥਾਵਾਂ ਅਤੇ ਹੋਰ ਸਰਕਾਰੀ ਅਦਾਰਿਆਂ ਵਿੱਚ ਵੀ ਛੁੱਟੀ ਰਹੇਗੀ, ਤਾਂ ਜੋ ਵੱਧ ਤੋਂ ਵੱਧ ਲੋਕ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰ ਸਕਣ। ਇਸ ਤੋਂ ਇਲਾਵਾ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਵੀ ਪੰਜਾਬ ਵਿੱਚ ਨਗਰ ਨਿਗਮ ਚੋਣਾਂ ਲਈ ਰਜਿਸਟਰਡ ਵੋਟਰਾਂ ਨੂੰ ਵਿਸ਼ੇਸ਼

ਕੈਜ਼ੂਅਲ ਛੁੱਟੀ ਦੇਣ ਦਾ ਫੈਸਲਾ ਕੀਤਾ ਗਿਆ ਏ। ਹਾਈ ਕੋਰਟ ਦੇ ਉਹ ਅਧਿਕਾਰੀ ਅਤੇ ਕਰਮਚਾਰੀ ਜੋ ਪੰਜਾਬ ਵਿੱਚ ਵੋਟਰ ਵਜੋਂ ਦਰਜ ਨੇ ਉਹ 26 ਮਈ ਨੂੰ ਆਪਣੇ ਵੋਟ ਦੀ ਵਰਤੋਂ ਕਰ ਸਕਣਗੇ। ਚੋਣਾਂ ਨੂੰ ਸ਼ਾਂਤੀਪੂਰਵਕ ਅਤੇ ਸੁਚਾਰੂ ਢੰਗ ਨਾਲ ਕਰਵਾਉਣ ਲਈ ਰਾਜ ਚੋਣ ਕਮਿਸ਼ਨ ਵੱਲੋਂ ਕਈ ਸਖ਼ਤ ਪਾਬੰਦੀਆਂ ਵੀ ਲਾਗੂ ਕੀਤੀਆਂ ਗਈਆਂ ਨੇ। ਹੁਕਮਾਂ ਮੁਤਾਬਕ ਚੋਣ ਪ੍ਰਚਾਰ ਕੱਲ 25 ਮਈ ਨੂੰ ਸ਼ਾਮ 5 ਵਜੇ ਬੰਦ ਹੋ ਜਾਵੇਗਾ। ਚੋਣ ਕਮਿਸ਼ਨ ਵਲੋਂ ਜਾਰੀ ਹੁਕਮਾਂ ਅਨੁਸਾਰ ਵੋਟਿੰਗ ਵਾਲੇ ਦਿਨ 26 ਮਈ ਨੂੰ ਪੋਲਿੰਗ ਬੂਥਾਂ ਦੇ 200 ਮੀਟਰ ਦਾਇਰੇ ਵਿੱਚ ਕਿਸੇ ਵੀ ਉਮੀਦਵਾਰ ਜਾਂ ਉਸਦੇ ਸਮਰਥਕ ਵੱਲੋਂ ਚੋਣ ਪ੍ਰਚਾਰ ਨਹੀਂ ਕੀਤਾ ਜਾਵੇਗਾ। ਇਸ ਤੋਂ ਇਲਾਵਾ ਪੋਲਿੰਗ ਬੂਥਾਂ ਦੇ ਨੇੜੇ ਕਿਸੇ ਵੀ ਤਰ੍ਹਾਂ ਦਾ ਸ਼ੋਰ-ਸ਼ਰਾਬਾ ਜਾਂ ਹੰਗਾਮਾ ਕਰਨ ’ਤੇ ਵੀ ਪਾਬੰਦੀ ਰਹੇਗੀ। ਕਮਿਸ਼ਨ ਵੱਲੋਂ ਲੋਕਾਂ ਨੂੰ ਸ਼ਾਂਤੀਪੂਰਵਕ ਅਤੇ ਬਿਨਾ ਡਰ ਦੇ ਵੋਟ ਪਾਉਣ ਦੀ ਅਪੀਲ ਕੀਤੀ ਏ।

---------------------------------------------------------------------

ਪੰਜਾਬ ਚੋਣ ਕਮਿਸ਼ਨ ਨੇ ਸੂਬੇ 'ਚ 26 ਮਈ ਨੂੰ ਹੋਣ ਵਾਲੀਆਂ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਲਈ ਵੋਟਰ ਫੋਟੋ ਸ਼ਨਾਖਤੀ ਕਾਰਡ ਤੋਂ ਇਲਾਵਾ 15 ਹੋਰ ਬਦਲਵੇਂ ਦਸਤਾਵੇਜ਼ਾਂ ਨੂੰ ਪਛਾਣ ਦੇ ਸਬੂਤ ਵਜੋਂ ਮਾਨਤਾ ਦਿੱਤੀ ਏ। ਜਲੰਧਰ ਦੇ ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ

ਨੇ ਦੱਸਿਆ ਕਿ ਜਿਨ੍ਹਾਂ ਵੋਟਰਾਂ ਕੋਲ ਵੋਟਰ ਫੋਟੋ ਸ਼ਨਾਖਤੀ ਕਾਰਡ ਨਹੀਂ ਏ ਪਰ ਵਾਰਡ ਵਾਈਜ਼ ਵੋਟਰ ਸੂਚੀ ਵਿੱਚ ਨਾਮ ਦਰਜ ਏ , ਉਹ ਬਦਲਵੇਂ ਦਸਤਾਵੇਜ਼ ਦਿਖਾ ਕੇ ਵੋਟ ਪਾ ਸਕਦੇ ਨੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਦਸਤਾਵੇਜ਼ਾਂ ਵਿੱਚ ਆਧਾਰ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਪੈਨ ਕਾਰਡ ਸਮੇਤ ਮਾਨਤਾ ਪ੍ਰਾਪਤ ਵਿੱਦਿਅਕ ਸੰਸਥਾਵਾਂ ਵੱਲੋਂ ਵਿਦਿਆਰਥੀਆਂ ਨੂੰ ਜਾਰੀ ਫੋਟੋ ਪਹਿਚਾਣ ਕਾਰਡ ਸ਼ਾਮਲ ਨੇ। ਸ੍ਰੀ ਵਾਲੀਆ ਨੇ ਕਿਹਾ ਕਿ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣਾ ਪ੍ਰਸ਼ਾਸਨ ਦੀ ਪ੍ਰਮੁੱਖ ਤਰਜੀਹ ਏ ਅਤੇ ਸਮੁੱਚੀ ਪ੍ਰਕਿਰਿਆ ਨੂੰ ਸੁਚਾਰੂ ਤੇ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਨ ਲਈ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਪੁਖ਼ਤਾ ਇੰਤਜ਼ਾਮ ਯਕੀਨੀ ਬਣਾਏ ਗਏ ਨੇ।

------------------------------------------------------------------------------

ਕਪੂਰਥਲਾ ਜੇਲ੍ਹ ਦੇ ਇੱਕ ਬੈਰਕ ਵਿੱਚ ਕੈਦੀਆਂ ਵਿਚ ਕਥਿਤ ਤੌਰ 'ਤੇ ਕੱਲ ਦੇਰ ਰਾਤ ਹੋਏ ਹੰਗਾਮੇ ਕਾਰਨ ਜੇਲ੍ਹ ਦੇ ਕੁਝ ਬੁਨਿਆਦੀ ਢਾਂਚੇ ਨੂੰ ਨੁਕਸਾਨ ਪਹੁੰਚਾਇਆ।ਇਹ ਘਟਨਾ ਕੈਦੀਆਂ ਅਤੇ ਵਿਚਾਰ ਅਧੀਨ ਕੈਦੀਆਂ ਵਿਚਕਾਰ ਝੜਪ ਤੋਂ ਬਾਅਦ ਵਾਪਰੀ। ਸੀਨੀਅਰ ਪੁਲਿਸ ਅਧਿਕਾਰੀ ਤੁਰੰਤ ਸਥਿਤੀ ਨੂੰ ਕਾਬੂ ਕਰਨ ਲਈ ਪੁਲਿਸ ਬਲਾਂ ਨਾਲ ਮੌਕੇ 'ਤੇ ਪਹੁੰਚੇ। ਇਸ ਦੌਰਾਨ, ਜੇਲ੍ਹ ਦੇ ਅੰਦਰ ਅਤੇ ਆਲੇ ਦੁਆਲੇ

ਸੁਰੱਖਿਆ ਸਖ਼ਤ ਕਰ ਦਿੱਤੀ ਗਈ ਏ । ਕਪੂਰਥਲਾ ਦੇ SSP ਗੌਰਵ ਤੂਰਾ ਇਸ ਘਟਨਾ ਬਾਰੇ ਜਾਣਕਾਰੀ ਦਿੰਦੇ ਹੋਏ ਦਸਿਆ । BYTE-RNU240526

--------------------------------------------------------------------

ਦੇਸ਼-ਵਿਆਪੀ ਫਿਟ ਇੰਡੀਆ ਮੁਹਿੰਮ ਦੇ ਹਿੱਸੇ ਵਜੋਂ, ਸੀਮਾ ਸੁਰੱਖਿਆ ਬਲ ਦੇ ਜਲੰਧਰ ਸਥਿਤ ਪੰਜਾਬ ਫਰੰਟੀਅਰ ਹੈੱਡਕੁਆਰਟਰ, ਨੇ ਅੱਜ ਫਿਟ ਇੰਡੀਆ "ਸਾਈਡ ਔਨ ਸਾਈਕਲ" ਮੁਹਿੰਮ ਦੇ 75ਵੇਂ ਐਡੀਸ਼ਨ ਦੇ ਹਿੱਸੇ ਵਜੋਂ ਇੱਕ ਸਾਈਕਲ ਰੈਲੀ ਦਾ ਆਯੋਜਨ ਕੀਤਾ। ਇਸਦਾ ਉਦੇਸ਼ ਬੀਐਸਐਫ ਦੇ ਡਾਇਮੰਡ ਜੁਬਲੀ ਜਸ਼ਨਾਂ ਨੂੰ ਮਨਾਉਣ ਲਈ ਸਰੀਰਕ ਤੰਦਰੁਸਤੀ, ਇੱਕ ਸਿਹਤਮੰਦ ਜੀਵਨ ਸ਼ੈਲੀ ਅਤੇ ਵਾਤਾਵਰਣ ਸੁਰੱਖਿਆ ਨੂੰ ਉਤਸ਼ਾਹਿਤ ਕਰਨਾ ਵੀ ਸੀ । ਇਹ ਰੈਲੀ ਪੰਜਾਬ ਫਰੰਟੀਅਰ ਹੈੱਡਕੁਆਰਟਰ ਬੀਐਸਐਫ ਦੇ ਅਸ਼ਵਨੀ ਸਟੇਡੀਅਮ ਤੋਂ ਸ਼ੁਰੂ ਹੋਈ, ਅਤੇ ਇਸ ਵਿੱਚ 250 ਤੋਂ ਵੱਧ ਬੀਐਸਐਫ ਕਰਮਚਾਰੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ, ਜਿਨ੍ਹਾਂ ਵਿੱਚ ਅਧਿਕਾਰੀ, ਅਧੀਨ ਅਧਿਕਾਰੀ, ਜਵਾਨ ਅਤੇ ਉਨ੍ਹਾਂ ਦੇ ਪਰਿਵਾਰ ਸ਼ਾਮਲ ਸਨ। ਸਾਈਕਲ ਰੈਲੀ ਨੂੰ BSF ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ ਡਾ. ਅਤੁਲ ਫੁਲਜ਼ੇਲ ਨੇ ਝੰਡੀ ਦੇ ਕੇ ਰਵਾਨਾ ਕੀਤਾ ਗਿਆ । ਇਸ ਮੌਕੇ ਸੰਬੋਧਨ ਕਰਦਿਆਂ, ਉਨ੍ਹਾਂ ਨੇ ਸੁਰੱਖਿਆ ਬਲਾਂ ਦੇ ਜਵਾਨਾਂ ਦੇ

ਜੀਵਨ ਵਿੱਚ ਸਰੀਰਕ ਤੰਦਰੁਸਤੀ ਦੀ ਮਹੱਤਤਾ 'ਤੇ ਚਾਨਣਾ ਪਾਇਆ ਅਤੇ ਸਾਈਕਲਿੰਗ ਨੂੰ ਸਰੀਰਕ ਅਤੇ ਮਾਨਸਿਕ ਸਿਹਤ ਬਣਾਈ ਰੱਖਣ ਦਾ ਇੱਕ ਪ੍ਰਭਾਵਸ਼ਾਲੀ, ਵਾਤਾਵਰਣ ਅਨੁਕੂਲ ਅਤੇ ਬੇਹਤਰੀਨ ਸਾਧਨ ਦੱਸਿਆ। ਸਾਈਕਲ ਰੈਲੀ ਨੇ ਜਲੰਧਰ ਦੀਆਂ ਵੱਖ-ਵੱਖ ਮਹੱਤਵਪੂਰਨ ਥਾਵਾਂ ਅਤੇ ਰਸਤਿਆਂ ਵਿੱਚੋਂ ਲੰਘਦਿਆਂ , ਸਰੀਰਕ ਤੰਦਰੁਸਤੀ ਦਾ ਸੰਦੇਸ਼ ਫੈਲਾਇਆ।

---------------------------------------------------------------------

ਫਿਰੋਜ਼ਪੁਰ ਕਾਊਂਟਰ ਇੰਟੈਲੀਜੈਂਸ ਨੇ ਚਾਰ ਮੁਲਜ਼ਮਾਂ ਨੂੰ 28 ਕਿਲੋ ਤੋਂ ਵੱਧ ਹੈਰੋਇਨ ਅਤੇ ਸਾਢੇ 9 ਲੱਖ ਰੁਪਏ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਗੁਰੂ ਹਰ ਸਹਾਏ ਦੇ ਪਿੰਡ ਬੋਘੀ ਵਾਲਾ ਦੇ ਬਗੀਚਾ ਸਿੰਘ ਅਤੇ ਭੁਪਿੰਦਰ ਸਿੰਘ ਅਤੇ ਫਿਰੋਜ਼ਪੁਰ ਦੇ ਸਾਜਨ ਅਤੇ ਛਿੰਦਰਪਾਲ ਸਿੰਘ ਉਰਫ਼ ਰਿੰਕੂ ਵਜੋਂ ਹੋਈ ਏ । ਹੈਰੋਇਨ ਦੀ ਇਹ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮ ਨੇ ਨਸ਼ਾ ਤਸਕਰੀ ਲਈ ਵਰਤੀ ਜਾਂਦੀ ਕਾਰ ਵੀ ਜ਼ਬਤ ਕਰ ਲਈ ਏ । ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਸ ਮਾਡਿਊਲ ਦੇ ਵਿਦੇਸ਼ੀ ਤਸਕਰਾਂ ਅਤੇ ਹੈਂਡਲਰਾਂ ਨਾਲ ਸਬੰਧ ਸਨ, ਜਿਨ੍ਹਾਂ ਨੇ ਕਥਿਤ ਤੌਰ 'ਤੇ ਗ੍ਰਿਫ਼ਤਾਰ ਮੁਲਜ਼ਮਾਂ ਨੂੰ ਭਾਰਤੀ ਖੇਤਰ ਦੇ ਅੰਦਰ

ਨਸ਼ੀਲੇ ਪਦਾਰਥਾਂ ਦੀ ਖੇਪ ਪ੍ਰਾਪਤ ਕਰਕੇ ਇਸਨੂੰ ਅੱਗੇ ਵੰਡਣ ਦਾ ਕੰਮ ਸੌਂਪਿਆ ਸੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੀ ਜਾਂਚ ਕੀਤੀ ਜਾ ਰਹੀ ਏ ਤਾਂ ਜੋ ਸਰਹੱਦ ਪਾਰੋਂ ਨਸ਼ਾ ਤਸਕਰੀ ਦੇ ਸਮੁੱਚੇ ਨੈੱਟਵਰਕ ਦਾ ਖਾਤਮਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜਾਂਚ ਅੱਗੇ ਵਧਣ ਦੇ ਨਾਲ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਏ ।

-----------------------------------------------------------------------

ਅੰਮ੍ਰਿਤਸਰ ਸਥਿਤ ਇਤਿਹਾਸਕ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਅੱਜ ਚਲ ਰਹੇ ਉਸਾਰੀ ਕਾਰਜਾਂ ਦੌਰਾਨ ਵਾਪਰੇ ਹਾਦਸੇ 'ਚ 2 ਔਰਤਾਂ ਦੀ ਮੌਤ ਹੋ ਗਈ ਜਦਕਿ 9 ਔਰਤਾਂ ਗੰਭੀਰ ਜ਼ਖ਼ਮੀ ਹੋਈਆਂ ਨੇ। ਸਾਡੇ ਪਤਰਕਾਰ ਨੇ ਦਸਿਆ ਕਿ ਗੁਰਦੁਆਰਾ ਸਾਹਿਬ ਦੇ ਅੰਦਰ ਚੱਲ ਰਹੇ ਉਸਾਰੀ ਕਾਰਜ ਦੌਰਾਨ ਅਚਾਨਕ ਲੈਂਟਰ ਵਾਲੀਆਂ ਲੋਹੇ ਦੀਆਂ ਪਲੇਟਾਂ, ਹੇਠਾਂ ਬੈਠੀ ਸੰਗਤ ਉੱਤੇ ਜਾ ਡਿੱਗੀਆਂ। ਮੌਕੇ 'ਤੇ ਮੌਜੂਦ ਸੇਵਾਦਾਰਾਂ ਅਤੇ ਸੰਗਤ ਨੇ ਤੁਰੰਤ ਬਚਾਅ ਕਾਰਜ ਸ਼ੁਰੂ ਕੀਤੇ। ਜ਼ਖ਼ਮੀਆਂ ਨੂੰ ਤੁਰੰਤ ਇਲਾਜ ਲਈ ਸ੍ਰੀ ਗੁਰੂ ਰਾਮਦਾਸ ਵੱਲਾ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਏ । ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਪ੍ਰਸ਼ਾਸਨ ਦੀਆਂ ਟੀਮਾਂ ਤੁਰੰਤ ਮੌਕੇ 'ਤੇ ਪਹੁੰਚੀਆਂ। ਐਸ.ਪੀ ਵਿਸ਼ਾਲਜੀਤ ਸਿੰਘ ਨੇ ਕਿਹਾ ਦੋ ਤਿੰਨ ਔਰਤਾਂ ਦੀ ਹਾਲਤ

ਜਿਆਦਾ ਨਾਜ਼ੁਕ ਬਣੀ ਹੋਈ ਏ ।

-------------------------------------------------------------------

IPL ਕ੍ਰਿਕਟ ਵਿੱਚ ਅੱਜ ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਦਿੱਲੀ ਕੈਪੀਟਲਜ਼ ਨਾਲ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ। ਜੇਤੂ ਟੀਮਾਂ ਨੂੰ ਪਲੇਆਫ ਵਿੱਚ ਜਗਾ ਮਿਲੇਗੀ ।

-------------------------------------------------------------------

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 87 ਖਿਡਾਰੀਆਂ ਨੂੰ 'ਮਹਾਰਾਜਾ ਰਣਜੀਤ ਸਿੰਘ ਪੁਰਸਕਾਰ' ਨਾਲ ਸਨਮਾਨਿਤ ਕੀਤਾ - 32 ਕਰੋੜ ਰੁਪਏ ਤੋਂ ਵੱਧ ਦੀ ਨਗਦ ਇਨਾਮ ਰਾਸ਼ੀ ਦੇ ਚੈੱਕ ਸੌਂਪੇ I
- ਪੰਜਾਬ ਸਰਕਾਰ ਵਲੋਂ ਸਾਲ 2025-26 ਵਿੱਚ ਪਾਣੀ ਬਚਾਉਣ ਵਾਲੀ ਤਕਨੀਕ ਅਪਣਾਉਣ ਵਾਲੇ ਕਿਸਾਨਾਂ ਨੂੰ 35 ਕਰੋੜ 38 ਲੱਖ ਰੁਪਏ ਜਾਰੀ I
- ਪੰਜਾਬ ਸਰਕਾਰ ਵਲੋਂ ਆਉਂਦੇ ਝੋਨੇ ਦੇ ਸੀਜ਼ਨ ਤੋਂ ਪਹਿਲਾਂ, ਕਿਸਾਨਾਂ ਲਈ ਬਿਜਲੀ ਸਬੰਧੀ ਸਾਰੇ ਪ੍ਰਬੰਧ ਮੁਕੰਮਲ I
- ਸੀਮਾ ਸੁਰੱਖਿਆ ਬਲ ਦੇ ਜਲੰਧਰ ਸਥਿਤ ਪੰਜਾਬ ਫਰੰਟੀਅਰ ਹੈੱਡਕੁਆਰਟਰ ਵਲੋਂ ਅੱਜ ਫਿਟ ਇੰਡੀਆ "ਸਾਈਡ ਔਨ ਸਾਈਕਲ" ਮੁਹਿੰਮ ਵਜੋਂ ਇੱਕ ਸਾਈਕਲ ਰੈਲੀ ਦਾ ਆਯੋਜਨ ।

- ਫਿਰੋਜ਼ਪੁਰ ਕਾਊਂਟਰ ਇੰਟੈਲੀਜੈਂਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ, 4 ਮੁਲਜ਼ਮਾਂ ਨੂੰ 28 ਕਿੱਲੋ ਤੋਂ ਵੱਧ ਹੈਰੋਇਨ ਅਤੇ ਸਾਢੇ 9 ਲੱਖ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ। ਅਤੇ
- -IPL ਕ੍ਰਿਕਟ ਵਿੱਚ ਅੱਜ ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ, ਦਿੱਲੀ ਕੈਪੀਟਲਜ਼ ਨਾਲ ਸ਼ਾਮੀ ਸਾਢੇ 7 ਵਜੇ ਹੋਵੇਗਾ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ**

**7 ਵੱਜਕੇ 30 ਮਿੰਟ 'ਤੇ ਨਮਸਕਾਰ !**